ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

**ਪ੍ਰਿੰਸੀਪਲ,**
**ਮਾਨਵ ਮੰਗਲ ਸਮਾਰਟ ਵਰਲਡ ਸਕੂਲ**
**ਨਗਲਾ, ਜ਼ੀਰਕਪੁਰ,**
**ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ।**

**ਮਿਤੀ , ਚੰਡੀਗੜ੍ਹ:**

ਵਿਸ਼ਾ: **ਮਾਨਵ ਮੰਗਲ ਸਮਾਰਟ ਵਰਲਡ ਸਕੂਲ ,ਨਗਲਾ, ਜ਼ੀਰਕਪੁਰ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਸੀ.ਬੀ.ਐਸ. ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸਾਹਿਬਜਾਦਾ ਅਜੀਤ ਸਿੰਘ ਨਗਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫ਼ਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।